## ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
### (ਫੁਟਕਲ ਸ਼ਾਖਾ)

### ਹੁਕਮ

ਸਕੱਤਰ, ਪੰਜਾਬ ਸਰਕਾਰ, ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਵੱਲੋਂ ਅਰਧ ਸਰਕਾਰੀ ਪੱਤਰ ਨੰਬਰ: ਪਸਸਬ-ਕਸ-2020/80930 ਮਿਤੀ 25/03/2020 ਰਾਹੀਂ ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਸਬੰਧੀ ਪ੍ਰੀਖਿਆ ਮਿਤੀ 03/03/2020 ਤੋਂ 13/04/2020 ਤੱਕ ਕਰਵਾਉਣ ਬਾਰੇ ਲਿਖਿਆ ਹੈ। ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਨਿਸ਼ਚਿਤ ਕੀਤੇ ਗਏ ਕੇਂਦਰਾ ਦੇ ਆਲੇ-ਦੁਆਲੇ ਆਮ ਜਨਤਾ ਦੇ ਇੱਕੇ ਹੋਣ ਸਬੰਧੀ ਮਨਾਹੀ ਦੇ ਹੁਕਮ ਜਾਰੀ ਕੀਤੇ ਜਾਣੇ ਉਚਿਤ ਹਨ।

ਮੈਂ, ਆਸ਼ਿਕਾ ਜੈਨ, ਆਈ.ਏ.ਐਸ, ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪ੍ਰੀਖਿਆਵਾਂ ਦੇ ਸਮੇਂ ਦੌਰਾਨ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣਾ ਜ਼ਰੂਰੀ ਸਮਝਦੀ ਹੋਈ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਇਹ ਹੁਕਮ ਜਾਰੀ ਕਰਦੀ ਹਾਂ ਕਿ ਇਸ ਜ਼ਿਲ੍ਹੇ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਿਸ਼ਚਿਤ ਕੀਤੇ ਗਏ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਦੇ 100 ਮੀਟਰ ਦੇ ਏਰੀਆ ਵਿੱਚ ਪ੍ਰੀਖਿਆਰਥੀਆਂ ਦੇ ਮਾਤਾ ਪਿਤਾ, ਰਿਸ਼ਤੇਦਾਰਾਂ, ਆਮ ਜਨਤਾ ਆਦਿ ਇੱਕਠੇ ਨਹੀਂ ਹੋਣਗੇ।

ਇਹ ਹੁਕਮ ਮਿਤੀ 03/03/2020 ਤੋਂ 13/04/2020 ਤੱਕ ਤੁਰੰਤ ਅਸਰ ਨਾਲ ਇਸ ਜਿਲ੍ਹੇ ਵਿੱਚ ਲਾਗੂ ਹੋਣਗੇ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ.ਨਗਰ ਇਸ ਹੁਕਮ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ। ਇਸ ਤੋਂ ਇਲਾਵਾ ਸਬੰਧਤ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ, ਨਾਇਬ ਤਹਿਸੀਲਦਾਰ ਅਤੇ ਜਿਲ੍ਹਾ ਸਿੱਖਿਆ ਅਫਸਰ (ਪ੍ਰਾਇਮਰੀ/ਸਕੈਡੰਰੀ) ਵੀ ਇਨ੍ਹਾਂ ਹੁਕਮਾ ਦੀ ਪਾਲਣਾ ਅਤੇ promulgate ਕਰਨਾ ਯਕੀਨੀ ਬਣਾਉਣਗੇ।

ਇਹ ਹੁਕਮ ਦਾ ਪਰਜਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਉ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ27/02/2020 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਆਸ਼ਿਕਾ ਜੈਨ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 2781-2841 /ਐਮ.ਸੀ-1 ਮਿਤੀ: 28-2-2020

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਸਕੱਤਰ, ਪੰਜਾਬ ਸਰਕਾਰ, ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਜੀ ਦੇ ਅਰਧ ਸਰਕਾਰੀ ਪੱਤਰ ਨੰਬਰ: ਪਸਸਬ-ਕਸ-2020/80930 ਮਿਤੀ 25/03/2020 ਦੇ ਹਵਾਲੇ ਵਿੱਚ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ।
4. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
5. ਡੀ.ਆਈ.ਜੀ. ਰੇਂਜ ਰੂਪਨਗਰ।
6. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਉਕਤ ਅਨੁਸਾਰ ਸੁਰੱਖਿਆ ਦੇ ਯੋਗ ਪ੍ਰਬੰਧ ਕਰਨ ਹਿੱਤ ਭੇਜਿਆ ਜਾਂਦਾ ਹੈ। (ਕੇਂਦਰਾ ਦੀ ਸੂਚੀ ਅਤੇ ਡੇਟ ਸ਼ੀਟ ਨਾਲ ਨੱਥੀ)
7. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਨਵਾਂ ਸ਼ਹਿਰ, ਗੁਰਦਾਸਪੁਰ, ਬਰਨਾਲਾ।
8. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਉਪ ਮੰਡਲ ਮੈਜਿਸਟਰੇਟ, ਮੋਹਾਲੀ/ਖਰੜ/ਡੇਰਾਬਸੀ। (ਕੇਂਦਰਾ ਦੀ ਸੂਚੀ ਅਤੇ ਡੇਟ ਸ਼ੀਟ ਨਾਲ ਨੱਥੀ)
12. ਤਹਿਸੀਲਦਾਰ, ਮੋਹਾਲੀ/ਖਰੜ/ਡੇਰਾਬਸੀ।
13. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
14. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ੍ਹ/ਕੁਰਾਲੀ/ਡੇਰਾਬਸੀ/ਨਿਆ ਗਰਾਓ/ਜੀਰਕੁਪਰ/ਬਨੂੰੜ/ਲਾਲੜੂ।
15. ਜ਼ਿਲ੍ਹਾ ਟਰਾਂਸਪੋਰਟ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਸਕੱਤਰ ਮਾਰਕੀਟ ਕਮੇਟੀ ਖਰੜ/ਡੇਰਾਬਸੀ/ਕੁਰਾਲੀ/ਲਾਲੜੂ/ਬਨੂੰੜ।
17. ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ/ਸੈਕੰਡਰੀ), ਸਾਹਿਬਜ਼ਾਦਾ ਅਜੀਤ ਸਿੰਘ ਨਗਰ। (ਕੇਂਦਰਾ ਦੀ ਸੂਚੀ ਅਤੇ ਡੇਟ ਸ਼ੀਟ ਨਾਲ ਨੱਥੀ)
18. ਪੀ.ਏ.ਟੂ ਡੀ.ਸੀ/ਸਟੈਨੋ ਟੂ ਏ.ਡੀ.ਸੀ.(ਵਿ)/ਸਟੈਨੋ ਟੂ ਏ.ਸੀ.(ਜੀ)/ਸਟੈਨੋ ਟੂ ਸ:ਕ:(ਜ)/ਸਟੈਨੋ ਟੂ. ਡੀ.ਆਰ.ਓ ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ (ਜ),
ਵਾ: ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ